# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 27-02-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਕੁੰਭ ਨੂੰ ਏਕਤਾ ਦਾ ਮਹਾਯੱਗ ਕਰਾਰ ਦਿੰਦਿਆਂ ਕਿਹਾ ਕਿ ਦੇਸ਼ ਨੂੰ ਆਪਣੀ ਵਿਰਾਸਤ "ਤੇ ਮਾਣ ਏ ਅਤੇ ਉਹ ਨਵੀਂ ਊਰਜਾ ਨਾਲ ਅੱਗੇ ਵਧ ਰਿਹਾ ਏ। ਸੋਸ਼ਲ ਮੀਡੀਆ 'ਤੇ ਆਪਣੇ ਵਿਚਾਰ ਸਾਂਝੇ ਕਰਦਿਆਂ ਸ਼੍ਰੀ ਮੋਦੀ ਨੇ ਕਿਹਾ ਕਿ ਇਹ ਤਬਦੀਲੀ ਦੇ ਯੁੱਗ ਦੀ ਸ਼ੁਰੂਆਤ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਮਹਾਕੁੰਭ ਵਿੱਚ ਸ਼ਰਧਾਲੂਆਂ ਦੀ ਭਾਰੀ ਆਮਦ ਨਾ ਸਿਰਫ ਇੱਕ ਰਿਕਾਰਡ ਏ ਬਲਕਿ ਇਸ ਨੇ ਕਈ ਸਦੀਆਂ ਤੋਂ ਭਾਰਤੀ ਸੱਭਿਆਚਾਰ ਅਤੇ ਵਿਰਾਸਤ ਨੂੰ ਅਮੀਰ ਰੱਖਣ ਲਈ ਇੱਕ ਮਜ਼ਬੂਤ ਬੁਨਿਆਦ ਵੀ ਰੱਖੀ ਏ। ਮਹਾਕੁੰਭ ਦੇ ਸਫਲ ਸਮਾਪਨ 'ਤੇ ਤਸੱਲੀ ਪ੍ਰਗਟ ਕਰਦੇ ਹੋਏ, ਸ਼੍ਰੀ ਮੋਦੀ ਨੇ ਲੋਕਾਂ ਦੀ ਸਖ਼ਤ ਮਿਹਨਤ, ਕੋਸ਼ਿਸ਼ ਅਤੇ ਦ੍ਰਿੜ ਇਰਾਦੇ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਮਹਾਕੁੰਭ ਦੌਰਾਨ 140 ਕਰੋੜ ਨਾਗਰਿਕਾਂ ਦਾ

ਵਿਸ਼ਵਾਸ ਇਸ ਤਿਉਹਾਰ ਉੱਤੇ ਕੇਂਦ੍ਰਿਤ ਸੀ, ਜੋ ਕਿ ਇੱਕ ਸ਼ਾਨਦਾਰ ਪਲ ਏ। ਉਨ੍ਹਾਂ ਕਿਹਾ ਕਿ ਮਹਾਂਕੁੰਭ ਵਿੱਚ ਸਮਾਜ ਦੇ ਸਾਰੇ ਵਰਗਾਂ ਦੇ ਲੋਕਾਂ ਨੇ ਹਿੱਸਾ ਲਿਆ।

---------------------------------------------------------

ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਾਰੇ ਸਕੂਲਾਂ ਲਈ ਪੰਜਾਬੀ ਨੂੰ ਮੁੱਖ ਤੇ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣਾ ਲਾਜ਼ਮੀ ਕੀਤਾ ਗਿਆ ਏ। ਇਸ ਸਬੰਧੀ ਸੂਬਾ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਵੱਲੋਂ ਇਕ ਨੋਟੀਫਿਕੇਸ਼ਨ ਜਾਰੀ ਕਰ ਕੇ ਦੱਸਿਆ ਗਿਆ ਏ ਕਿ ਅਕਾਦਮਿਕ ਸਾਲ 2009-10 ਤੋਂ ਸਾਰੇ ਸਕੂਲਾਂ ਵਿਚ, ਭਾਵੇਂ ਉਹ ਕਿਸੇ ਵੀ ਬੋਰਡ ਨਾਲ ਸਬੰਧਤ ਹੋਣ, ਪੰਜਾਬੀ ਪਹਿਲੀ ਤੋਂ ਦਸਵੀਂ ਕਲਾਸ ਤੱਕ ਲਾਜ਼ਮੀ ਵਿਸ਼ੇ ਵਜੋਂ ਪੜ੍ਹਾਉਣ ਬਾਰੇ ਕਿਹਾ ਗਿਆ ਸੀ। ਇਸੇ ਸਬੰਧ ਵਿਚ ਸਿੱਖਿਆ ਵਿਭਾਗ ਦੇ ਸਮੂਹ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਏ ਕਿ ਕਿਸੇ ਵੀ ਵਿਦਿਆਰਥੀ ਨੂੰ ਦਸਵੀਂ ਕਲਾਸ ਵਿਚ ਪੰਜਾਬ ਪੜ੍ਹੇ ਬਿਨਾਂ ਪਾਸ ਨਾ ਐਲਾਨਿਆ ਜਾਵੇ ਅਤੇ ਪੰਜਾਬ ਰਾਜ ਵਿਚ ਕਿਸੇ ਵੀ ਬੋਰਡ ਨਾਲ ਸਬੰਧਤ ਸਕੂਲ ਵਿਚ ਪੰਜਾਬੀ ਨੂੰ ਮੁੱਖ ਭਾਸ਼ਾ ਵਜੋਂ ਪੜ੍ਹਾਇਆ ਜਾਵੇ। ਇਨ੍ਹਾਂ ਹਦਾਇਤਾਂ ਦੀ

ਉਲੰਘਣਾ ਕਰਨ ਵਾਲੇ ਸਕੂਲਾਂ ਵਿਰੁਧ ਪੰਜਾਬੀ ਅਤੇ ਹੋਰ ਭਾਸ਼ਾਵਾਂ ਦੀ ਸਿੱਖਿਆ ਦਾ ਪੰਜਾਬ ਐਕਟ 2008 ਅਤੇ ਸਮੇਂ-ਸਮੇਂ ਕੀਤੀਆਂ ਗਈਆਂ ਸੋਧਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

---------------------------------------------------------

ਪੰਜਾਬ ਵਿੱਚ, ਰਾਸ਼ਟਰੀ ਬਾਲ ਸਿਹਤ ਪ੍ਰੋਗਰਾਮ (RBSK) ਦੇ ਹਿੱਸੇ ਵਜੋਂ, ਰਾਜ ਦੇ ਸਿਹਤ ਵਿਭਾਗ ਨੇ ਜਮਾਂਦਰੂ ਦਿਲ ਦੀਆਂ ਬਿਮਾਰੀਆਂ ਤੋਂ ਪੀੜਤ 341 ਬੱਚਿਆਂ ਦੇ ਆਪ੍ਰੇਸ਼ਨ ਕੀਤੇ ਨੇ। ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਸ ਪਹਿਲ ਦਾ ਉਦੇਸ਼ ਆਪਣੇ ਸਭ ਤੋਂ ਘੱਟ ਉਮਰ ਦੇ ਨਾਗਰਿਕਾਂ ਦੀ ਸਿਹਤ ਦੀ ਰੱਖਿਆ ਕਰਨਾ ਅਤੇ ਉਨ੍ਹਾਂ ਦੇ ਸਿਹਤਮੰਦ ਭਵਿੱਖ ਨੂੰ ਯਕੀਨੀ ਬਣਾਉਣਾ ਏ। ਉਨ੍ਹਾਂ ਕਿਹਾ ਕਿ ਵਿੱਤੀ ਵਰ੍ਹੇ 2024-25 ਦੌਰਾਨ, ਰਾਜ ਭਰ ਦੇ ਨਾਮੀ (ਵੱਕਾਰੀ) ਸੂਚੀਬੱਧ ਹਸਪਤਾਲਾਂ ਵਿੱਚ ਕੀਤੀਆਂ ਗਈਆਂ ਇਨ੍ਹਾਂ ਜੀਵਨ ਰੱਖਿਅਕ ਪ੍ਰਕਿਰਿਆਵਾਂ 'ਤੇ 3 ਕਰੋੜ 52 ਲੱਖ ਰੁਪਏ ਖਰਚ ਕੀਤੇ ਗਏ ਨੇ।

---

ਫ਼ਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਰੋਜ਼ਗਾਰ ਅਫ਼ਸਰ ਹਰਪ੍ਰੀਤ ਸਿੰਘ ਸਿੱਧੂ ਨੇ ਦੱਸਿਆ ਕਿ ਕੱਲ ਯੂਨੀਵਰਸਿਟੀ ਕਾਲਜ ਚੁੰਨੀ ਕਲਾਂ, ਵਿਖੇ ਰੋਜ਼ਗਾਰ ਅਤੇ ਸਵੈ ਰੋਜ਼ਗਾਰ ਮੇਲਾ ਲਗਾਇਆ ਜਾ ਰਿਹਾ ਏ । ਇਸ ਵਿੱਚ ਵੱਖੋ ਵੱਖ ਕੰਪਨੀਆਂ ਵੱਲੋਂ ਹਿੱਸਾ ਲਿਆ ਜਾਵੇਗਾ ਤੇ ਵੱਖੋ ਵੱਖ ਅਸਾਮੀਆਂ ਲਈ ਇੰਟਰਵਿਊ ਲਈ ਜਾਵੇਗੀ। ਕੈਂਪ ਵਿੱਚ 10ਵੀਂ, 12ਵੀਂ ਅਤੇ ਗਰੈਜੂਏਸ਼ਨ ਦੀ ਯੋਗਤਾ ਵਾਲੇ ਪ੍ਰਾਰਥੀ ਭਾਗ ਲੈ ਸਕਦੇ ਨੇ । ਇਨ੍ਹਾਂ ਅਸਾਮੀਆਂ ਲਈ ਉਮਰ ਹੱਦ 18 ਤੋਂ 40 ਸਾਲ ਤੱਕ ਰੱਖੀ ਗਈ ਏ । ਚੁਣੇ ਗਏ ਪ੍ਰਾਰਥੀਆਂ ਦੀ ਤਨਖਾਹ 7 ਤੋਂ 22 ਹਜ਼ਾਰ ਤੱਕ ਹੋਵੇਗੀ। ' ਇਸ ਕੈਂਪ ਵਿੱਚ ਲੜਕੇ ਅਤੇ ਲੜਕੀਆਂ ਹਿੱਸਾ ਲੈ ਸਕਦੇ ਨੇ । ਉਨ੍ਹਾਂ ਨੌਜਵਾਨਾਂ ਨੂੰ ਇਸ ਕੈਂਪ ਵਿੱਚ ਹਿੱਸਾ ਲੈਣ ਲਈ, ਦਰਸਾਏ ਪਤੇ 'ਤੇ ਆਪਣੀ ਯੋਗਤਾ ਦੇ ਦਸਤਾਵੇਜ਼ ਲੈ ਕੇ ਆਉਣ ਅਤੇ ਵੱਧ ਤੋਂ ਵੱਧ ਲਾਭਉਠਾਉਣ ਦੀ ਅਪੀਲ ਕੀਤੀ।

---

ਬਰਨਾਲਾ ਪੁਲਿਸ ਨੇ ਲੋਕਾਂ ਦੇ ਗੁੰਮ ਹੋਏ 125 ਮੋਬਾਈਲ ਫੋਨ ਟਰੇਸ

ਕਰ ਕੇ ਅਸਲ ਮਾਲਕਾਂ ਦੇ ਹਵਾਲੇ ਕੀਤੇ ਨੇ। ਬਰਨਾਲਾ ਦੇ ਐਸਐਸਪੀ ਮੁਹੰਮਦ ਸਰਫਰਾਜ ਆਲਮ ਨੇ ਦੱਸਿਆ ਕਿ ਜਦੋਂ ਕਿਸੇ ਵਿਅਕਤੀ ਦਾ ਮੋਬਾਇਲ ਫੋਨ ਗੁੰਮ ਹੋ ਜਾਂਦਾ ਏ ਤਾਂ ਉਸ ਦੇ ਆਰਥਿਕ ਨੁਕਸਾਨ ਦੇ ਨਾਲ-ਨਾਲ ਕੀਮਤੀ ਡਾਟਾ ਦਾ ਵੀ ਨੁਕਸਾਨ ਹੁੰਦਾ ਏ । ਇਸ ਕਰਕੇ ਬਰਨਾਲਾ ਪੁਲਿਸ ਵੱਲੋਂ ਲੋਕਾਂ ਦੇ ਗੁੰਮ ਹੋਏ ਮੋਬਾਈਲ ਫੋਨਾਂ ਨੂੰ ਟਰੇਸ ਕਰਨ ਲਈ ਵਿਸ਼ੇਸ਼ ਮੁਹਿੰਮ ਚਲਾਈ ਗਈ। ਇਸ ਮਹਿੰਮ ਤਹਿਤ ਪਿਛਲੇ ਦਿਨਾਂ ਵਿੱਚ ਲੋਕਾਂ ਦੇ ਗੁੰਮ ਹੋਏ ਮੋਬਾਇਲ ਫੋਨਾਂ ਦੀਆਂ ਜੋ ਦਰਖਾਸਤਾਂ ਸੀਨੀਅਰ ਪੁਲਿਸ ਅਧਿਕਾਰੀਆਂ, CEIR Portal ਅਤੇ ਪੁਲਿਸ ਸਾਂਝ ਕੇਂਦਰਾਂ ਵਿੱਚ ਪ੍ਰਾਪਤ ਹੋਈਆ ਸਨ, ਉਸ ਸਬੰਧੀ ਸਬ-ਇੰਸ ਨਿਰਮਲਜੀਤ ਸਿੰਘ, ਸਾਇਬਰ ਸੈਲ ਬਰਨਾਲਾ ਨੇ ਆਪਣੀ ਟੀਮ ਨਾਲ ਤਕਨੀਕੀ ਢੰਗਾਂ ਦੀ ਵਰਤੋਂ ਕਰਦੇ ਹੋਏ 125 ਮੋਬਾਇਲ ਫੋਨ ਟਰੇਸ ਕੀਤੇ ਨੇ । ਇਸ ਤਰਾਂ ਗੁੰਮ ਹੋਏ ਮੋਬਾਇਲ ਫੋਨਾਂ ਦੇ ਅਸਲੀ ਮਾਲਕਾਂ ਨੂੰ ਬੁਲਾ ਕੇ ਉਨ੍ਹਾਂ ਦੇ ਦੇ ਹਵਾਲੇ ਕੀਤੇ ਗਏ ਨੇ। ਬਾਕੀ ਰਹਿੰਦੇ ਮੋਬਾਇਲ ਫੋਨਾਂ ਨੂੰ ਵੀ ਜਲਦੀ ਟਰੇਸ ਕਰ ਕੇ ਮਾਲਕਾ ਨੂੰ ਦੇ ਦਿੱਤੇ ਜਾਣਗੇ।

---------------------------------------------------------

ਮੌਸਮ ਵਿਭਾਗ ਨੇ ਪੰਜਾਬ ਵਿੱਚ ਅੱਜ ਮੀਂਹ ਨੂੰ ਲੈ ਕੇ ਓਰੇਂਜ ਅਲਰਟ ਜਾਰੀ ਕੀਤਾ ਏ। ਸੂਬੇ ਵਿਚ ਅੱਜ ਸਵੇਰੇ ਕਈ ਥਾਵਾਂ ’ਤੇ ਹਲਕਾ ਮੀਂਹ ਪੈ ਰਿਹਾ ਏ। ਇਹ ਬਦਲਾਅ ਹਾਲ ਹੀ ਵਿਚ ਸਰਗਰਮ ਹੋਈ ਪੱਛਮੀ ਗੜਬੜੀ ਕਾਰਨ ਹੋਇਆ ਏ। ਪਿਛਲੇ 24 ਘੰਟਿਆਂ ਵਿੱਚ ਵੀ ਪੰਜਾਬ ਦੇ ਕਈ ਇਲਾਕਿਆਂ ਵਿੱਚ ਹਲਕਾ ਮੀਂਹ ਵੇਖਣ ਨੂੰ ਮਿਲਿਆ। ਅੱਜ ਪੰਜਾਬ ਦੇ ਜ਼ਿਆਦਾਤਰ ਇਲਾਕਿਆਂ ਵਿੱਚ ਬੱਦਲ ਛਾਏ ਰਹਿਣਗੇ ਅਤੇ ਤੇਜ਼ ਹਵਾਵਾਂ ਨਾਲ ਮੀਂਹ ਪੈਣ ਦੀ ਸੰਭਾਵਨਾ ਏ। ਕਈ ਥਾਵਾਂ ‘ਤੇ ਗੜੇ ਪੈਣ ਦੇ ਵੀ ਆਸਾਰ ਨੇ। ਰਾਜ ਵਿੱਚ ਵੱਧ ਤੋਂ ਵੱਧ ਤਾਪਮਾਨ ਵਿੱਚ 4.3 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਏ। ਹਾਲਾਂਕਿ, ਇਹ ਆਮ ਤਾਪਮਾਨ ਨਾਲੋਂ 4.1 ਡਿਗਰੀ ਸੈਲਸੀਅਸ ਵੱਧ ਏ। ਸਭ ਤੋਂ ਵੱਧ ਤਾਪਮਾਨ 29.4 ਡਿਗਰੀ ਸੈਲਸੀਅਸ ਅਬੋਹਰ ਵਿੱਚ ਰਿਕਾਰਡ ਕੀਤਾ ਗਿਆ ਏ।